# ਸ੍ਰੀ ਆਰਤੀ ਸਾਹਿਬ

ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ ॥
ਦਾਨਵ ਮਾਰ ਅਭੇਖ ਕਰਿ ਕੀਨੇ ਸੰਤਨ ਕਾਜ ॥ ੫੩ ॥

**ਸ੍ਵੈਯਾ ॥** ਯਾਤੇ ਪ੍ਰਸੰਨਿ ਭਏ ਹੈ ਮਹਾਂ ਮੁਨਿ ਦੇਵਨ ਕੇ ਤਪ ਮੈ ਸੁਖ ਪਾਵੈਂ ॥ ਜੱਗਯ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧ੍ਯਾਨਹਿ ਲਾਵੈਂ ॥ ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ ॥ ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜੱਛ ਅਪਛਰ ਨਿਰਤ ਦਿਖਾਵੈਂ ॥ ੫੪ ॥
ਸੰਖਨ ਕੀ ਧੁਨਿ ਘੰਟਨਿ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ ॥ ਆਰਤੀ ਕੋਟਿ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥ ਦਾਨਤ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ ਲਾਵੈਂ ॥ ਹੋਤ ਕੁਲਾਹਲ ਦੇਵਪੁਰੀ ਮਿਲਿ ਦੇਵਨ ਕੇ ਕੁਲਿ ਮੰਗਲਿ ਗਾਵੈਂ ॥ ੫੫ ॥

(ਦਸਮ ਅੰਗ ੭੯)

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥
ਤੀਨ ਲੋਕ ਜੈ ਜੈ ਕਰੈ ਰਰੈ ਨਾਮਿ ਸਤਿ ਜਾਪ ॥ ੫੬ ॥

ਕਬਿਤੁ ॥

ਸੰਕਟ ਹਰਨ ਸਬ ਸਿਧ ਕੀ ਕਰਨ ਚੰਡਿ ਤਾਰਨ ਤਰਨ ਸਰਨ ਲੋਚਨ ਬਿਸਾਲ ਹੈ ॥ ਆਦਿ ਜਾ ਕੈ ਆਹਮ ਹੈ ਅੰਤ ਕੋ ਨ ਪਾਰਾਵਾਰ ਸਰਨ ਉਬਾਰਨ ਕਰਨ ਪ੍ਰਤਿਪਾਲ ਹੈ ॥ ਅਸੁਰ ਸੰਘਾਰਨ ਅਨਿਕ ਦੁਖ ਜਾਰਨ ਸੋ ਪਤਿਤ ਉਧਾਰਨ ਛਡਾਏ ਜਮਜਾਲ ਹੈ ॥ ਦੇਵੀ ਬਰਲਾਇਕ ਸੁਬੁੱਧਿ ਹੂ ਕੀ ਦਾਇਕ ਸੁ ਦੇਹ ਬਰ ਪਾਇਕ ਬਨਾਵੈ ਗ੍ਰੰਥ ਹਾਲ ਹੈ ॥੭॥

ਕਬਿਤੁ ॥

ਮਿਲਿ ਕੈ ਸੁਦੇਵਨ ਬਡਾਈ ਕਰੀ ਕਾਲਿਕਾ ਕੀ ਏਹੋ ਜਗ ਮਾਤ ਤੈ ਤੋ ਕਟਿਓ ਬਡੋ ਪਾਪੁ ਹੈ ॥ ਦੈਤਨ ਕੋ ਮਾਰ ਰਾਜ ਦੀਨੋ ਤੈ ਸੁਰੇਸ ਹੂੰ ਕੋ ਬਡੋ ਜਸੁ ਲੀਨੋ ਜਗ ਤੇਰੋਈ ਪ੍ਰਤਾਪ ਹੈ ॥ ਦੇਤ ਹੈ ਅਸੀਸ ਦਿਜ ਰਾਜ ਰਿਖਿ ਬਾਰਿ ਬਾਰਿ ਤਹਾ ਹੈ ਪੜਿਓ ਹੈ ਬ੍ਰਹਮਕਉਚ ਹੂੰ ਕੋ ਜਾਪ ਹੈ ॥ ਐਸੇ ਜਸੁ ਪੂਰ ਰਹਿਓ ਚੰਡਿਕਾ ਕੋ ਤੀਨ ਲੋਕ ਜੈਸੇ ਧਾਰ ਸਾਗਰ ਮੈ ਗੰਗਾ ਜੀ ਕੋ ਆਪੁ ਹੈ ॥
ਹੇ ਰਵਿ ਹੇ ਸਸਿ ਹੇ ਕਰੁਨਾਨਿਧਿ ਮੇਰੀ ਅਬੈ ਬਿਨਤੀ ਸੁਨਿ ਲੀਜੈ ॥ ਅਉਰ ਨ ਮਾਂਗਤ ਹਉ ਤੁਮ ਤੇ ਕਛੁ ਚਾਹਤ ਹਉ ਚਿਤ ਮੈ ਸੋਈ ਕੀਜੈ ॥ ਸਸਤ੍ਰਨ ਸਿਉ ਅਤਿ ਹੀ ਰਨ ਭੀਤਰ ਜੂਝ ਮਰੋ ਕਹਿ ਸਾਚ ਪਤੀਜੈ ॥ ਸੰਤ ਸਹਾਇ ਸਦਾ ਜਗ ਮਾਇ ਕ੍ਰਿਪਾ ਕਰਿ ਸ੍ਯਾਮ ਇਹੈ ਵਰੁ ਦੀਜੈ ॥ ੧੯੦੦ ॥

(ਦਸਮ ਅੰਗ ੪੯੫)

ਰੋਗਨ ਤੇ ਅਰੁ ਸੋਗਨ ਤੇ ਜਲ ਜੋਗਨ ਤੇ ਬਹੁ ਭਾਂਤਿ ਬਚਾਵੈ ॥ ਸਤ੍ਰ ਅਨੇਕ ਚਲਾਵਤ ਘਾਵ ਤਊ ਤਨ ਏਕ ਨ ਲਾਗਨ ਪਾਵੈ ॥ ਰਾਖਤ ਹੈ ਆਪਨੋ ਕਰ ਦੈ ਕਰਿ ਪਾਪ ਸਬੂਹ ਨ ਭੇਤਨ ਪਾਵੈ ॥ ਔਰ ਕੀ ਬਾਤ ਕਹਾ ਕਹ ਤੋ ਸੌ ਸੁ ਪੇਟ ਹੀ ਕੇ ਪਟ ਬੀਚ ਬਚਾਵੈ ॥ ੬ ॥੨੪੮॥

(ਦਸਮ ਅੰਗ ੩੫)

ਸਵੈਯਾ ॥ ਦੇਹਿ ਅਸੀਸ ਸਭੈ ਸੁਰ ਨਾਰਿ ਸੁਧਾਰਿ ਕੈ ਆਰਤੀ ਦੀਪ ਜਗਾਇਓ ॥ ਫੂਲ ਸੁਗੰਧ ਸੁ ਅੱਛਤ ਦੱਛਨ ਜੱਛਨ ਜੀਤ ਕੋ ਗੀਤ ਸੁ ਗਾਇਓ ॥ ਧੂਪ ਜਗਾਇ ਕੈ ਸੰਖ ਬਜਾਇ ਕੈ ਸੀਸ ਨਿਵਾਇ ਕੈ ਬੈਨ ਸੁਨਾਇਓ ॥ ਹੇ ਜਗ ਮਾਇ ਸਦਾ ਸੁਖ ਦਾਇ ਤੈ ਸੁੰਭ ਕੋ ਘਾਇ ਬਡੋ ਜਸੁ ਪਾਇਓ ॥੨੨੮॥

ਦਸਮ ਗ੍ਰੰਥ ਅੰਗ ੯੯ ॥

**ਸ੍ਵੈਯਾ ॥** ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰਿ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥ ੮੬੩ ॥

**ਦੋਹਰਾ ॥** ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥
ਬਾਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥ ੮੬੪ ॥

(ਦਸਮ ਅੰਗ ੨੫੪)

ਦੁਕਾਲੰ ਪ੍ਰਣਾਸੀ ਦਯਿਆਲੰ ਸਰੂਪੇ ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯ ॥

(ਦਸਮ ਅੰਗ ੧੦)

ਧਨਾਸਰੀ ਮਹਲਾ ੧ ਆਰਤੀ

ੴ ਸਤਿਗੁਰ ਪ੍ਰਸਾਦਿ ॥

ਗਗਨਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥ ੧ ॥ ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥ ੧ ॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥ ੨ ॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥ ੩ ॥ ਹਰਿ ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ॥ ੪ ॥ ੧ ॥ ੭ ॥ ੯ ॥ (ਆਦਿ ਅੰਗ ੬੬੩)

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥ ੧ ॥ ਰਹਾਉ ॥ ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥ ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥ ੧ ॥ ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥ ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥ ੨ ॥ ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ

ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥ ੩ ॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿਨਾਮੁ ਹੈ ਹਰਿ ਭੋਗ ਤੁਹਾਰੇ ॥ ੪ ॥ ੩ ॥

(ਆਦਿ ਅੰਗ ੬੯੪)

## ਸ੍ਰੀ ਸੈਣੁ ॥

ਧੂਪ ਦੀਪ ਘ੍ਰਿਤ ਸਾਜਿ ਆਰਤੀ॥ ਵਾਰਨੇ ਜਾਉ ਕਮਲਾ ਪਤੀ ॥ ੧ ॥ ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥ ੧ ॥ ਰਹਾਉ ॥ ਊਤਮੁ ਦੀਅਰਾ ਨਿਰਮਲ ਬਾਤੀ ॥ ਤੁਹੀਂ ਨਿਰੰਜਨੁ ਕਮਲਾਪਤੀ ॥੨॥ ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ ॥ ੩ ॥ ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥ ਸੈਨੁ ਭਣੈ ਭਜੁ ਪਰਮਾਨੰਦੇ ॥ ੪ ॥ ੨ ॥

(ਆਦਿ ਅੰਗ ੬੯੫)

## ਪ੍ਰਭਾਤੀ ॥

ਸੁੰਨ ਸੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥ ੧ ॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧ ॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥ ੨ ॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥ ੪॥

(ਆਦਿ ਅੰਗ ੧੩੫੦)

## ਧੰਨਾ ॥

ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥ ੧ ॥ ਰਹਾਉ ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥ ਪਨ੍ਹੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀ ਕਾ ॥ ੧ ॥ ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥ ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥ ੨ ॥ ੪ ॥

(ਆਦਿ ਅੰਗ ੬੯੫)

## ਰਾਗੁ ਸੋਰਠਿ ॥

ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥ ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥ ੧ ॥ ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥ ਅਧ ਸੇਰੁ ਮਾਂਗਉ ਦਾਲੇ ॥ ਮੋਕਉ ਦੋਨਉ ਵਖਤ ਜਿਵਾਲੇ ॥ ੨ ॥ ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥ ਊਪਰ ਕਉ ਮਾਂਗਉ ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀਂਧਾ ॥ ੩ ॥ ਮੈ ਨਾਹੀ ਕੀਤਾ ਲਬੋ ॥ ਇਕੁ ਨਾਉ ਤੇਰਾ ਮੈ ਫਬੋ ॥ ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥ ੪ ॥ ੧੧

(ਆਦਿ ਅੰਗ ੬੫੬)

ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ ॥

ਦਾਨਵ ਮਾਰ ਅਭੇਖ ਕਰਿ ਕੀਨਿ ਸੰਤਨ ਕਾਜ ॥ ੫੩ ॥

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥

ਤੀਨ ਲੋਕ ਜੈ ਜੈ ਕਰੈ ਰਰੈ ਨਾਮਿ ਸਤਿ ਜਾਪ ॥ ੫੬ ॥

(ਦਸਮ ਅੰਗ ੧੯)

**ਸ੍ਵੈਯਾ ॥** ਯਾਤੇ ਪ੍ਰਸੰਨਿ ਭਏ ਹੈ ਮਹਾਂ ਮੁਨਿ ਦੇਵਨ ਕੇ ਤਪ ਮੈ ਸੁਖ ਪਾਵੈਂ ॥ ਜੱਗਜ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧਜਾਨਹਿ ਲਾਵੈਂ ॥ ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ ॥ ਕਿੰਨਰ ਗੰਧ੍ਰਪ ਗਾਨ ਕਰੈ ਗਨਿ ਜੱਛ ਅਪਛਰ ਨਿਰਤ ਦਿਖਾਵੈਂ ॥ ੫੪ ॥ ਸੰਖਨ ਕੀ ਧੁਨਿ ਘੰਟਨਿ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ ॥ ਆਰਤੀ ਕੋਟਿ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥ ਦਾਨਤ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ ਲਾਵੈਂ ॥ ਹੋਤ ਕੁਲਾਹਲ ਦੇਵਪੁਰੀ ਮਿਲਿ ਦੇਵਨ ਕੇ ਕੁਲਿ ਮੰਗਲਿ ਗਾਵੈਂ ॥ ੫੫ ॥ (ਦਸਮ ਅੰਗ ੧੯)

ਆਦਿ ਨਿਰੰਜਨ ਹੈ ਗੁਰੂ ਨਾਨਕ ਧਾਰ ਕੇ ਮੂਰਤਿ ਹੈ ਜਗ ਆਇਓ ॥ ਲੋਕ ਸੁਨਿਓ ਪਰਲੋਕ ਸੁਨਿਓ ਬਿਧਿ ਲੋਕ ਸੁਨਿਓ ਸਭ ਦਰਸਨ ਪਾਇਓ ॥ ਸੰਗਤ ਪਾਰ ਉਤਾਰਨ ਕੋ ਗੁਰੂ ਨਾਨਕ ਸਾਹਿਬ ਪੰਥ ਚਲਾਇਓ ॥ ਵਾਹਿਗੁਰੂ ਗੁਰੂ ਨਾਨਕ ਸਾਹਿਬ ਧਾਰ ਕੇ ਮੂਰਤਿ ਹੈ ਜਗ ਆਇਓ ॥

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥

ਤੀਨ ਲੋਕ ਜੈ ਜੈ ਕਰੈ ਰਰੈ ਨਾਮਿ ਸਤਿ ਜਾਪ ॥ ੫੬ ॥

(ਦਸਮ ਅੰਗ ੧੯)

ਤਿਨ ਬੇਦੀਯਨ ਕੇ ਕੁਲ ਬਿਖੇ ਪ੍ਰਗਟੇ ਨਾਨਕ ਰਾਇ ॥ ਸਭ ਸਿੱਖਨ ਕੋ ਸੁਖ ਦਏ ਜੱਹ ਤੱਹ ਭਏ ਸਹਾਇ ॥ ੪ ॥

(ਦਸਮ ਅੰਗ ੨੫੪)

ਨਾਨਕ ਗੁਰੂ ਗੋਬਿੰਦ ਸਿੰਘ ਪੂਰਨ ਗੁਰ ਅਵਤਾਰ ॥ ਜਗਮਗ ਜੋਤਿ ਬਿਰਾਜ ਰਹੀ ਸ੍ਰੀ ਗੁਰੂ ਗ੍ਰੰਥ ਮਝਾਰ ॥ ਆਗਿਆ ਭਈ ਅਕਾਲ ਕੀ ਤਬੀ ਚਲਾਇਓ ਪੰਥ ॥ ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ॥ ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ ॥ ਜੋ ਪ੍ਰਭ ਕੋ ਮੀਲਿਯੋ ਚਹੈ ਖੌਜ ਸਬਦ ਮੈਂ ਲੇਹ ॥ ਵਾਹਿਗੁਰੂ ਨਾਮ ਜਹਾਜ ਹੈ ਚੜ੍ਹੇ ਸੋ ਉਤਰੇ ਪਾਰ ॥ ਜੋ ਸ਼ਰਧਾ ਕਰ ਸੇਂਵਦੇ ਗੁਰ ਪਾਰ ਉਤਾਰਨਹਾਰ ॥

ਸਰਨਿ ਨਾਥ ਤੋਰਿਯੰ ॥ ਉਬਾਰ ਲਾਜ ਮੋਰਿਯੰ ॥ ੪੮ ॥

ਜਿਤੇ ਸਰਨ ਆਏ ਹੈ ॥ ਤਿਤੇ ਰਾਖ ਲਏ ਹੈ ॥

ਬਿਨਾ ਸਰਨ ਤਾਕੀ ਨਹੀ ਅਉਰ ਓਟੰ ॥ ਲਿਖੇ ਜੰਤ੍ਰ ਕੇਤੇ ਪੜ੍ਹੇ ਮੰਤ੍ਰ ਕੋਟੰ ॥

ਬਚੇਗਾ ਨ ਕੋਈ ਕਰੇ ਕਾਲ ਚੋਟੰ ॥ ਜਿਤੇ ਸਰਨ ਆਏ ਹੈ ਤਿਤੇ ਰਾਖ ਲਏ ਹੈ ॥

ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥ ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ ॥
ਦੁਕਾਲੰ ਪ੍ਰਣਾਸੀ ਦਯਿਆਲੰ ਸਰੂਪੇ ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯ ॥

(ਦਸਮ ਅੰਗ ੧੦)

ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ ॥ ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ ॥ ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ ॥ ਹਰਿਹਾਂ ਨਾਨਕ ਕਸਮਲ ਜਾਹਿ ਨਾਇਐ ਰਾਮਦਾਸ ਸਰ ॥

(ਆਦਿ ਅੰਗ ੧੩੬੨)

ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥ ੨੦ ॥

(ਆਦਿ ਅੰਗ ੯੧)

**ਸਲੋਕ ਮਃ ੫ ॥** ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ ॥
ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ ॥ ੧ ॥

(ਆਦਿ ਅੰਗ ੩੨੦)

ਕ੍ਰਿਤੇ ਧ੍ਰਿਤ੍ਵਾ ਵਈ ਯੋ ਛਲਯਤ ਬਲੀਂ ਵਾਮਨ ਤਨੁੰ ॥ ਦਸ਼ਾਸਯਨ ਤ੍ਰੇਤਾਯਾਂ ਸਕੁਲ–ਮਵਧੀ ਦਿਓ ਹੀ ਕ੍ਰਿਪਯਾ ॥ ਅਥੋ ਕੰਸੰ ਹਤ੍ਵਾ ਦਿਵ–ਮਗ–ਮਯਦ ਦ੍ਵਾਪੁਰ ਯੁਗੇ ॥ ਮਹਾ ਸ਼ਾਂਤੰ ਵੰਦੇ ਜਨੀ ਮ੍ਰਿਤੀ ਹਰੰ ਨਾਨਕ ਗੁਰੁੰ ॥੧॥ ਗ੍ਰਿਹੀਤ੍ਵਾ ਨਾਰਾਚੰ ਯਵਨ ਕੁਲ ਹੰਤਾ ਗੁਰੂਰਹੋ ॥ ਸ੍ਵ–ਧਰਮੰ ਸਰਵੇਸ਼ਾ–ਮਕਥਯਤ ਸ਼ਿਸ਼ਿਅਹੀ ਪਰੀਵ੍ਰਿਤਃ ॥ ਕ੍ਰਿਤਾਃ ਕੀਟਾਃ ਸਿੰਹਾਃ ਭੁਵਨ ਵਿਦਿਤਾ ਯੇਨ ਬਲੀਨਾ ॥ ਸੁ–ਗੋਬਿੰਦੰ ਸਿੰਹੰ ਜਨੀ ਮ੍ਰਿਤੀ ਹਰੰ ਨੌਮੀ ਸ਼ਿਰਸਾ ॥੨॥
ਤ੍ਵਮੇਵ ਮਾਤਾ ਚ ਪਿਤਾ ਤ੍ਵਮੇਵ, ਤ੍ਵਮੇਵ ਬੰਧੁਸ਼ ਚ ਸਖਾ ਤ੍ਵਮੇਵ ॥
ਤ੍ਵਮੇਵ ਵਿਦਯਾ ਦ੍ਰਵੀਣੰ ਤ੍ਵਮੇਵ, ਤ੍ਵਮੇਵ ਸਰਵੰ ਮਮ ਦੇਵ ਦੇਵ ॥੩॥

कृते धृत्वा वै योछलयत बलिं वामनतनुं ॥ दशास्यन्त्रेतायां सकलमवधीद्योहि कृपया ॥ अथो कन्सं हत्वा दिवमगमयद्द्वापुरयुगे ॥ महाशान्तं वन्दे जनिमृति हरन्नानकगुरुम् ।१। गृहीत्वा नाराचं यवनकुलहन्ता गुरुरहो ॥ स्वधर्मं सर्वेषामकथयत शिष्यैः परिवृतः ॥
कृताः कीटाः सिंहाः भुवनविदिता येन बलिना ॥ सुगोबिन्दं सिंहञ्जनिमृतिहरन् नौमि शिरसा ॥२॥
त्वमेव माता च पिता त्वमेव, त्वमेव बन्धुश्च सखा त्वमेव ॥
त्वमेव विद्या द्रविणं त्वमेम, त्वमेव सर्वं मम देव देव ॥३॥

# ਅਰਦਾਸ

ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥ ੮ ॥ ੪ ॥

(ਆਦਿ ਅੰਗ ੨੬੮)

**ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ ॥**

**ਸ੍ਰੀ ਭਗੌਤੀ ਜੀ ਸਹਾਇ ॥**

**ਵਾਰ ਸ੍ਰੀ ਭਗੌਤੀ ਜੀ ਕੀ ॥ ਪਾਤਿਸਾਹੀ ੧੦ ॥**

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ ॥ ਅਰਜਨ ਹਰਗੋਬਿੰਦ ਨੂ ਸਿਮਰੌ ਸ੍ਰੀ ਹਰਿਰਾਇ ॥ ਸ੍ਰੀ ਹਰਿਕ੍ਰਿਸਨ ਧਿਆਈਐ ਜਿਸ ਡਿਠੈ ਸਭਿ ਦੁਖ ਜਾਇ ਤੇਗ ਬਹਾਦਰ ਸਿਮਰੀਐ ਘਰ ਨਉ ਨਿਧਿ ਆਵੈ ਧਾਇ ॥ ਸਭ ਥਾਈਂ ਹੋਇ ਸਹਾਇ ॥ ੧ ॥

ਦਸਵੇਂ ਪਾਤਿਸਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਚਿਟਿਆਂ ਬਾਜਾਂ ਵਾਲੇ, ਪੰਥ ਦੇ ਵਾਲੀ, ਸਰਬੰਸ ਦਾਨੀ, ਸਮਸ਼ੇਰ ਬਹਾਦਰ, ਤ੍ਰਿਲੋਕੀ ਨਾਥ ਸਭ ਥਾਈਂ ਹੋਇ ਸਹਾਇ ॥ ਸਤਿ ਸ੍ਰੀ ਅਕਾਲ ਪੁਰਖ ਜੀ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਦਸਾਂ ਪਾਤਿਸ਼ਾਹੀਆਂ ਦੇ ਆਤਮਿਕ ਸਰੂਪ, ਹਾਜਰਾ ਹਜੂਰ ਜਾਹਰਾ ਜਹੂਰ, ਸਰਬ ਕਲਾ ਭਰਪੂਰ, ਕਲਜੁਗ ਦੇ ਬੋਹਿਥ, ਨਾਮ ਦੇ ਜਹਾਜ , ਹਲਤਿ ਪਲਤਿ ਦੇ ਰਾਖੇ, ਰਾਜਾਨ ਰਾਜ ਭਾਨਾਨ ਭਾਨ ॥ ਦੇਵਾਨ ਦੇਵ ਉਪਮਾ ਮਹਾਨ ॥ ਬਾਣੀ ਗੁਰੂ ਗੁਰੂ ਹੈ ਬਾਣੀ ਵਿਚ ਬਾਣੀ ਅੰਮ੍ਰਿਤੁ ਸਾਰੇ ॥ ਗੁਰੁਬਾਣੀ ਕਹੈ ਸੇਵਕੁ ਜਨੁ ਮਾਨੈ ਪ੍ਰਤਖ ਗੁਰੂ ਨਿਸਤਾਰੇ ॥ ਧੰਨ ਧੰਨ ਸਬਦਾਵਤਾਰ, ਚਵਰ ਛੱਤ੍ਰ ਤਖਤ ਦੇ ਮਾਲਿਕ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਆਪ ਜੀ ਕੀ ਮਹਿਮਾਂ ਅਲਖ ਹੈ ਲਖੀ ਨ ਜਾਇ ਜੋ ਜਮ ਤੇ ਲਏ ਛਡਾਏ, ਸਤਿ ਸ੍ਰੀ ਅਕਾਲ ਪੁਰਖੁ ਜੀ ਕਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਪੰਜਾਂ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ, ਜਿਨ੍ਹਾਂ ਨਾਮ ਜਪਿਆ, ਵੰਡ ਕੇ ਛਕਿਆਂ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਨਡਿੱਠ ਕੀਤਾ, ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਆਰਿਆਂ ਨਾਲ ਚਰਾਏ ਗਏ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾਂ ਦੀ ਕਮਾਈ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਜਿੰਨਾ ਮਹਾਤਮਾਵਾਂ ਨੇ ਮਹਾਨ ਜਪ ਤਪ ਦੁਆਰਾ ਪੰਚਾਇਤੀ ਅਖਾੜੇ ਸਥਾਪਿਤ ਕੀਤੇ ਅਤੇ ਸੰਸਾਰ ਭਰ ਵਿਚ ਜਗਤਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਨਾਮ ਦਾ ਝੰਡਾ ਝੁਲਾਇਆ ਉਨਾਂ ਸਰਵ–ਉਚ ਤਪਸ੍ਵੀ ਵਿਰਕਤ ਮਹਾਂਪੁਰਸ਼ਾ ਦੀ ਕਮਾਈ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ ॥

ਜਿੰਨਾ ਸਾਧੂ ਪੁਰਖਾਂ ਨੇ ਘੋਰ ਪਰੀਸ਼੍ਰਮ ਦੁਆਰਾ ਉੱਚ ਵਿੱਦਿਆ ਪ੍ਰਾਪਤ ਕਰਕੇ ਮੰਡਲੀਆਂ ਦੁਆਰਾ ਨਿਰਮਲ ਗੁਰਮਤ ਦਾ ਪ੍ਰਚਾਰ ਕੀਤਾ ਤਥਾ ਸ਼ਾਂਤੀ ਦਾਤਾ ਸ਼੍ਰੀ ਵਾਹਿਗੁਰੂ ਨਾਮ ਅਮ੍ਰਿੰਤ ਪਾਨ ਕਰਵਾਕੇ ਕੋਟਾਨ ਕੋਟਿ ਜੀਵਾਂ ਦਾ ਉਧਾਰ ਕੀਤਾ, ਉਨ੍ਹਾਂ ਵਿਦੁਆਨ ਬ੍ਰਹਮ–ਗਿਆਨੀ ਮਹਾਂਪੁਰਸ਼ਾ ਦੀ ਕਮਾਈ  ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰ ॥

ਸ਼੍ਰੀ ਨਨਕਾਣਾ ਸਾਹਿਬ, ਖਡੂਰ ਸਾਹਿਬ, ਗੋਇੰਦਵਾਲ ਸਾਹਿਬ, ਸ਼੍ਰੀ ਅਮ੍ਰਿੰਤਸਰ, ਤਰਨ ਤਾਰਨ, ਪਟਨਾ ਸਾਹਿਬ, ਪਓਂਟਾ ਸਾਹਿਬ, ਅਨੰਦਪੁਰ ਸਾਹਿਬ, ਸ਼੍ਰੀ ਅਬਿਚਲ ਨਗਰ ਹਜ਼ੂਰ ਸਾਹਿਬ ਆਦਿ ਸਰਬੱਤ ਗੁਰੁਦੁਆਰਿਆਂ, ਗੁਰੂਧਾਮਾਂ,ਝੰਡਿਆਂ ਬੁੰਗਿਆਂ,ਜੋੜ–ਮੇਲਿਆਂ, ਗੁਰੂ ਸਰੋਵਰਾਂ ਜੀ ਦੇ ਦਰਸ਼ਨ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ

ਗੰਗਾ, ਯਮੁਨਾ, ਸਰਸਵਤੀ, ਪ੍ਰਯਾਗ–ਰਾਜ, ਮਥੁਰਾ, ਕਾਸ਼ੀ ਹਰਿਦੁਆਰ ਆਦਿ ਅਠਾਹਠਾਂ ਤੀਰਥਾਂ ਦੇ ਦਰਸ਼ਨ ਦੀਦਾਰ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਪ੍ਰਥਮੇ ਸਰਬੱਤ ਖਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖਾਲਸਾ ਜੀ ਕੋ ਵਾਹਿਗੁਰੂ, ਵਾਹਿਗੁਰੂ, ਵਹਿਗੁਰੂ ਚਿੱਤ ਆਵੈ, ਚਿੱਤ ਆਵਨ ਕਾ ਸਦਕਾ ਸਰਬ ਸੁਖ ਹੋਵੇ ॥ ਜਹਾਂ ਜਹਾਂ ਖਾਲਸਾ ਜੀ ਸਾਹਿਬ, ਤਹਾਂ ਤਹਾਂ ਰੱਛਿਆ ਰਿਆਇਤ, ਦੇਗ ਤੇਗ ਫਤਹ, ਬਿਰਦ ਕੀ ਪੈਜ,ਪੰਥ ਕੀ ਜੀਤ,ਸ੍ਰੀ ਸਾਹਿਬ ਜੀ ਸਹਾਇ, ਖਾਲਸਾ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ ॥

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਸਾਹਿਬ ਜੀ ਕੇ ਦਰਸਨ ਇਸ਼ਨਾਨ, ਚੌਂਕੀਆਂ, ਝੰਡੇ, ਬੁੰਗੇ, ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ ਵਾਹਿਗੁਰੂ ॥

ਸਿੱਖਾਂ ਦਾ ਮਨ ਨੀਵਾਂ, ਮਤ ਉੱਚੀ, ਮਤ ਪਤ ਦਾ ਰਾਖਾ ਆਪ ਵਾਹਿਗੁਰੂ ॥

ਹੇ ਨਿਮਾਣਿਆਂ ਦੇ ਮਾਣ ਸਤਿਗੁਰੂ, ਨਿਤਾਣਿਆਂ ਦੇ ਤਾਣ ਸਤਿਗੁਰੂ, ਨਿਓਟਿਆਂ ਦੀ ਓਟ ਲੋਕ ਪਰਲੋਕ ਦੇ ਸਹਾਇਕ, ਜਗਦੀਸ਼ੁਰ, ਅੰਤਰਜਾਮੀ, ਪਤਿਤ– ਪਾਵਾਨ, ਜਗ–ਨਿਅੰਤਾ, ਸੱਚਿਦਾਨੰਦ ਸਰੂਪ ਸਤਿਗੁਰੂ, ਮਿਹਰਵਾਨ ਸਤਿਗੁਰੂ, ਦਯਾਵਾਨ ਸਤਿਗੁਰੂ, ਬਖਸ਼ਿਸ਼ ਭੰਡਾਰ ਸਤਿਗੁਰੂ, ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ, ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ, ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ! ਆਪ ਜੀ ਦੇ ਹਜ਼ੂਰ .......... ਅਰਦਾਸ ਹੈ ਜੀ, ਅੱਖਰ ਵਾਧਾ ਘਾਟਾ ਭੁਲ ਚੁਕ ਮੁਆਫ ਕਰਨੀ, ਸਰਬੱਤ ਦੇ ਕਾਰਜ ਰਾਸ ਕਰਨੇ ॥ ਸੇਈ ਪਿਆਰੇ ਮੇਲ ਜਿਨ੍ਹਾ ਮਿਲਿਆਂ ਤੇਰਾ ਨਾਮ ਚਿਤ ਆਵੇ ॥

**ਨਾਨਕ ਨਾਮ ਚੜ੍ਹਦੀ ਕਲਾ ॥ ਤੇਰੇ ਭਾਣੇ ਸਰਬੱਤ ਦਾ ਭਲਾ ॥**

**ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹ ॥**